## ਚੀਨ, ਹਾਂਗ ਕਾਂਗ ਤੇ ਮਕਾਓ ਦੇ ਟਰੈਵਲਰਜ਼ ਲਈ ਕੈਨੇਡਾ ਨੇ ਕੋਵਿਡ ਟੈਸਟ ਸਬੰਧੀ ਸ਼ਰਤਾਂ ਕੀਤੀਆਂ ਖ਼ਤਮ

ਪੰਨਾ 1 ਦਾ ਬਾਕੀ

ਮਹਿਫੂਜ਼ ਰੱਖਣ ਦੇ ਨਾਲ ਨਾਲ ਆਪਣੇ ਆਲੇ ਦੁਆਲੇ ਨੂੰ ਵੀ ਸੁਰੱਖਿਅਤ ਰੱਖਣਾ ਚਾਹੀਦਾ ਹੈ।

ਸਰਕਾਰ ਵੱਲੋਂ ਚੀਨ ਵਿੱਚ ਮੁੜ ਤੇਜ਼ੀ ਨਾਲ ਫੈਲ ਰਹੇ ਕੋਵਿਡ-19 ਵੇਰੀਐਂਟਸ ਦੇ ਮੱਦੇਨਜ਼ਰ 5 ਜਨਵਰੀ, 2023 ਤੋਂ ਟੈਸਟਿੰਗ ਸਬੰਧੀ ਸ਼ਰਤਾਂ ਮੁੜ ਲਾਗੂ ਕੀਤੀਆਂ ਗਈਆਂ ਸਨ। ਸਰਕਾਰ ਨੇ ਆਖਿਆ ਕਿ ਉਸ ਸਮੇਂ ਤੋਂ ਲੈ ਕੇ ਹੁਣ ਤੱਕ ਚੀਨ ਜਾਂ ਦੁਨੀਆਂ ਭਰ ਤੋਂ ਕੋਵਿਡ-19 ਦਾ ਕੋਈ ਨਵਾਂ ਵੇਰੀਐਂਟ ਸਾਹ-ਮਣੇ ਨਹੀਂ ਆਇਆ ਹੈ ਤੇ ਨਾ ਹੀ ਕੈਨੇਡਾ ਦੇ ਵੇਸਟਵਾਟਰ ਦੇ ਸੈਂਪਲ ਵਿੱਚ ਹੀ ਇਸ ਸਬੰਧੀ ਕੁੱਝ ਮਿਲਿਆ ਹੈ। ਇਸ ਦੌਰਾਨ ਟਰਾਂਸਪੋਰਟ ਮੰਤਰੀ ਓਮਰ ਅਲਘਬਰਾ ਨੇ ਇੱਕ ਰਲੀਜ਼ ਵਿੱਚ ਆਖਿਆ ਕਿ ਹਾਲਾਤ ਠੀਕ ਹੋਣ ਕਾਰਨ 2023 ਦੇ ਸ਼ੁਰੂ ਵਿੱਚ ਚੀਨ ਤੋਂ ਟਰੈਵਲ ਕਰਨ ਵਾਲੇ ਟਰੈਵਲਰਜ਼ ਲਈ ਇਹ ਟੈਸਟ ਸਬੰਧੀ ਸ਼ਰਤਾਂ ਲਾਈਆਂ ਗਈਆਂ ਸਨ ਤੇ ਹੁਣ ਇਨ੍ਹਾਂ ਨੂੰ ਹਟਾਉਣ ਦੇ ਬਾਵਜੂਦ ਸਾਨੂੰ ਇਹ ਚੇਤੇ ਰੱਖਣਾ ਚਾਹੀਦਾ ਹੈ ਕਿ ਕੋਵਿਡ-19 ਤੇ ਇਸ ਦੇ ਵੇਰੀਐਂਟਸ ਖਿਲਾਫ ਸਾਡੀ ਜੰਗ ਜਾਰੀ ਰਹੇਗੀ। ਅਸੀਂ ਜਨਤਾ ਦੀ ਭਲਾਈ ਦੇ ਹਿਸਾਬ ਨਾਲ ਹੀ ਫੈਸਲੇ ਲਵਾਂਗੇ ਤੇ ਟਰੈਵਲਰਜ਼, ਟਰਾਂਸਪੋਰਟੇਸ਼ਨ ਵਰਕਰਜ਼ ਤੇ ਸਾਡੇ ਟਰਾਂਸਪੋਰਟੇਸ਼ਨ ਸਿਸਟਮ ਨੂੰ ਸੇਫ ਰੱਖਣ ਲਈ ਆਪਣੇ ਮਾਪਦੰਡਾਂ ਨੂੰ ਢਾਲਦੇ ਰਹਾਂਗੇ।

## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮੁਲਾਂਕਣ ਲਈ ਜੌਹਨਸਟਨ ਨੂੰ ਨਿਯੁਕਤ ਕੀਤੇ ਜਾਣ ਉੱਤੇ ਵਿਰੋਧੀ ਪਾਰਟੀਆਂ ਨੇ ਪ੍ਰਗਟਾਇਆ ਇਤਰਾਜ਼

ਪੰਨਾ 1 ਦਾ ਬਾਕੀ

ਇਸ ਵਿੱਚ ਬਣਾਈ ਰੱਖਣ ਲਈ ਵੀ ਜੌਹਨਸਟਨ ਵੱਲੋਂ ਬਿਨਾਂ ਕਿਸੇ ਪੱਖਪਾਤ ਦੇ ਇਸ ਮਸਲੇ ਦਾ ਮੁਲਾਂਕਣ ਕੀਤਾ ਜਾਵੇਗਾ ਤੇ ਸਾਰੇ ਲੋੜੀਂਦੇ ਕਦਮ ਚੁੱਕੇ ਜਾਣਗੇ। ਟਰੂਡੋ ਵੱਲੋਂ ਜੌਹਨਸਟਨ ਦੇ ਨਾਂ ਦਾ ਐਲਾਨ ਕੀਤੇ ਜਾਣ ਤੋਂ 24 ਘੰਟੇ ਤੋਂ ਵੀ ਘੱਟ ਸਮੇਂ ਵਿੱਚ ਕੰਜ਼ਰਵੇਟਿਵਾਂ ਤੇ ਬਲਾਕ ਕਿਊਬਿਕੂਆ ਦੇ ਸਿਆਸਤਦਾਨਾਂ ਵੱਲੋਂ ਇਸ ਵਿਸ਼ੇਸ਼ ਮਾਹਿਰ ਦੀ ਨਿਰਪੱਖਤਾ ਉੱਤੇ ਕਿੰਤੂ ਕੀਤਾ ਜਾਣ ਲੱਗਿਆ ਹੈ। ਦੂਜੇ ਪਾਸੇ ਐਨਡੀਪੀ ਤੇ ਕੁੱਝ ਹੋਰ ਅਹਿਮ ਸ਼ਖਸੀਅਤਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਇਸ ਕੰਮ ਲਈ ਜੌਹਨਸਟਨ ਤੇ ਪੂਰਾ ਭਰੋਸਾ ਹੈ।

ਪਰ ਇਸ ਵਿਰੋਧ ਦੇ ਕੁੱਝ ਕਾਰਨ ਹਨ ਜਿਵੇਂ ਕਿ

· ਜੌਹਨਸਟਨ ਪਿਏਰ ਐਲੀਅਟ ਟਰੂਡੋ ਫਾਊਂਡੇਸ਼ਨ ਦੇ ਮੈਂਬਰ ਹਨ, ਜਿਹੜੀ ਆਜ਼ਾਦ ਚੈਰੀਟੇਬਲ ਆਰਗੇਨਾਈਜ਼ੇਸ਼ਨ ਹੈ ਤੇ ਜਿਸਨੇ ਪਿੱਛੇ ਜਿਹੇ ਐਲਾਨ ਕੀਤਾ ਸੀ ਕਿ ਉਹ ਸੱਤ ਸਾਲ ਪਹਿਲਾਂ ਹਾਸਲ ਹੋਏ 200,000 ਡਾਲਰ ਮੋੜ ਰਹੀ ਹੈ ਤੇ ਉਹ ਵੀ ਇਸ ਲਈ ਕਿਉਂਕਿ ਇਸ ਉੱਤੇ ਬੀਜਿੰਗ ਨਾਲ ਸਬੰਧ ਹੋਣ ਦਾ ਦੋਸ਼ ਲੱਗਿਆ ਸੀ।

· ਇਸ ਤੋਂ ਇਲਾਵਾ ਤਤਕਾਲੀ ਗਵਰਨਰ ਜਨਰਲ ਵਜੋਂ ਜੌਹਨਸਟਨ ਨੇ 2013 ਵਿੱਚ ਚੀਨ ਦਾ ਦੌਰਾ ਕੀਤਾ ਸੀ। ਉਸ ਤੋਂ ਪਹਿਲਾਂ ਵੀ ਉਹ ਕਈ ਵਾਰੀ ਚੀਨ ਦਾ ਦੌਰਾ ਕਰ ਚੁੱਕੇ ਸਨ। 2017 ਵਿੱਚ ਕੀਤੇ ਗਏ ਆਪਣੇ ਚੀਨ ਦੌਰੇ ਦੌਰਾਨ ਜੌਹਨਸਟਨ ਨੇ ਚੀਨ ਦੇ ਰਾਸ਼ਟਰਪਤੀ ਜ਼ੀ ਜਿੰਨਪਿੰਗ ਨਾਲ ਮੁਲਾਕਾਤ ਵੀ ਕੀਤੀ ਸੀ ਤੇ ਉਸੇ ਦਿਨ ਨੋਬਲ ਸ਼ਾਂਤੀ ਐਵਾਰਡ ਜੇਤੂ ਤੇ ਜਮਹੂਰੀਅਤ ਦੇ ਪੈਰੋਕਾਰ ਲਿਊ ਜ਼ਿਆਓਬੋ ਦੀ ਚੀਨੀ ਹਿਰਾਸਤ ਵਿੱਚ ਮੌਤ ਹੋ ਗਈ ਸੀ। ਜੌਹਨਸਟਨ ਨੇ ਉਸ ਸਮੇਂ ਆਖਿਆ ਸੀ ਕਿ ਉਨ੍ਹਾਂ ਵੱਲੋਂ ਮੀਟਿੰਗ ਦੌਰਾਨ ਚੀਨ ਦੇ ਮਨੁੱਖੀ ਅਧਿਕਾਰਾਂ ਦਾ ਮੁੱਦਾ ਉਠਾਇਆ ਗਿਆ ਸੀ।

· ਜੌਹਨਸਟਨ ਦੇ ਟਰੂਡੋ ਪਰਿਵਾਰ ਨਾਲ ਸਬੰਧ ਕਾਫੀ ਨੇੜਲੇ ਤੇ ਪੁਰਾਣੇ ਦੱਸੇ ਜਾਂਦੇ ਹਨ।

ਵੀਰਵਾਰ ਨੂੰ ਇੱਕ ਬਿਆਨ ਜਾਰੀ ਕਰਕੇ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਆਖਿਆ ਕਿ ਟਰੂਡੋ ਨੇ ਆਪਣੇ ਪਰਿਵਾਰਕ ਦੋਸਤ, ਆਪਣੇ ਗੁਆਂਢੀ ਤੇ ਬੀਜਿੰਗ ਤੋਂ ਫੰਡ ਹਾਸਲ ਕਰਨ ਵਾਲੀ ਟਰੂਡੋ ਫਾਊਂਡੇਸ਼ਨ ਦੇ ਮੈਂਬਰ ਨੂੰ ਚੀਨ ਦੀ ਕੈਨੇਡਾ ਦੀਆਂ ਫੈਡਰਲ ਚੋਣਾਂ ਵਿੱਚ ਦਖ਼ਲਅੰਦਾਜ਼ੀ ਦੀ ਜਾਂਚ ਲਈ ਆਜ਼ਾਦ ਮਾਹਿਰ ਵਜੋਂ ਨਿਯੁਕਤ ਕੀਤਾ ਹੈ। ਟਰੂਡੋ ਨੂੰ ਆਪਣੀਆਂ ਕੀਤੀਆਂ ਉੱਤੇ ਪਰਦੇ ਪਾਉਣ ਦੀ ਥਾਂ ਜਨਤਕ ਜਾਂਚ ਕਰਵਾਉਣੀ ਚਾਹੀਦੀ ਹੈ।

## ਅੱਜ ਨਾਮਾ

ਆ ਗਿਆ ਅੱਜ ਅਦਾਲਤ ਦਾ ਹੁਕਮ ਸਿੱਧਾ,
ਕਰ ਰਹੇ ਜਿਸ ਦੀ ਉਡੀਕਸਨ ਲੋਕ ਬੇਲੀ।
ਜ਼ਮਾਨਤ ਬਾਦਲ ਬਜ਼ੁਰਗ ਨੂੰ ਮਿਲੀ ਆਖਰ,
ਵਧੀਸੁਖਬੀਰ ਲਈਔਕੜ ਆ ਥੋਕ ਬੇਲੀ।
ਹਾਈ ਕੋਰਟ ਵੱਲ ਲਾਉਣੀ ਪਊ ਦੌੜ ਛੇਤੀ,
ਹਰ ਇੱਕ ਤਾਕਤ ਉਹ ਦੇਊਗਾ ਝੋਕ ਬੇਲੀ।
ਸੌਖੀ ਰਾਹਤ ਨਹੀਂ ਓਥੇ ਫਿਰ ਮਿਲਣ ਵਾਲੀ,
ਪਾਉਣੀ ਆ ਰਾਜ ਸਰਕਾਰ ਸਭ ਰੋਕ ਬੇਲੀ।
ਆਉਂਦੇ-ਜਾਂਦਿਆਂਭਰਮਇਹ ਨਾਲ ਰਹਿਣਾ,
ਪੜਤਾਲੀਆ ਟੀਮ ਕੋਈ ਲਵੇ ਨਾਘੇਰ ਬੇਲੀ।
ਪਿਆ ਕੋਈ ਪੇਚਾ ਇਕੇਰਾਂ ਜੇ ਇਸ ਤਰ੍ਹਾਂ ਦਾ,
ਹੋਊ ਤਦ ਸੌਖੜਾ ਨਿਕਲਣ ਨਹੀਂ ਫੇਰ ਬੇਲੀ।

**ਤੀਸ ਮਾਰ ਖਾਂ**

## ਘਰੇਲੂ ਝਗੜਾ ਸੁਲਝਾਉਣ ਗਏ ਦੋ ਪੁਲਿਸ ਅਧਿਕਾਰੀ ਹਲਾਕ, 16 ਸਾਲਾ ਮਸ਼ਕੂਕ ਵੀ ਮਾਰਿਆ ਗਿਆ

ਪੰਨਾ 1 ਦਾ ਬਾਕੀ

ਮਸਲੇ ਨੂੰ ਹੱਲ ਕਰਨ ਲਈ 114 ਐਵਨਿਊ ਤੇ 132 ਸਟਰੀਟ ਇਲਾਕੇ ਵਿੱਚ ਇੱਕ ਰਿਹਾਇਸ਼ੀ ਇਮਾਰਤ ਨੇੜੇ ਪਹੁੰਚੇ। ਇਸ ਤੋਂ ਬਾਅਦ ਜਿਵੇਂ ਹੀ ਦੋਵੇਂ ਕਾਂਸਟੇਬਲ ਬਿਲਡਿੰਗ ਵਿੱਚ ਦਾਖਲ ਹੋਏ ਤੇ ਸੁਈਟ ਵੱਲ ਵਧੇ ਤਾਂ ਉਨ੍ਹਾਂ ਨੂੰ ਕਿਸੇ ਵਿਅਕਤੀ ਵੱਲੋਂ ਗੋਲੀ ਮਾਰ ਦਿੱਤੀ ਗਈ। ਮੈਕੈਫੀ ਨੇ ਆਖਿਆ ਕਿ ਇਸ ਸਮੇਂ ਤੱਕ ਇਹੋ ਪਤਾ ਲੱਗਿਆ ਹੈ ਕਿ ਦੋਵਾਂ ਕੋਲ ਆਪਣੇ ਹਥਿਆਰਾਂ ਦੀ ਵਰਤੋਂ ਕਰਨ ਦਾ ਸਮਾਂ ਹੀ ਨਹੀਂ ਸੀ। ਦੋਵਾਂ ਕਾਂਸਟੇਬਲਜ਼ ਨੂੰ ਉਸੇ ਸਮੇਂ ਹਸਪਤਾਲ ਲਿਜਾਇਆ ਗਿਆ। ਪਰ ਉਨ੍ਹਾਂ ਨੂੰ ਹਸਪਤਾਲ ਪਹੁੰਚਣ ਉੱਤੇ ਮ੍ਰਿਤਕ ਐਲਾਨ ਦਿੱਤਾ ਗਿਆ।

## ਨਿਊਜ਼ੀਲੈਂਡ ’ਚ 7 ਤੀਬਰਤਾ ਵਲੇ ਭੂਚਾਲ ਕਾਰਨ ਸੁਨਾਮੀ ਅਲਰਟ ਜਾਰੀ



ਆਕਲੈਂਡ, 16 ਮਾਰਚ (ਪੋਸਟ ਬਿਊਰੋ): ਵੀਰਵਾਰ ਨੂੰ ਨਿਊਜ਼ੀਲੈਂਡ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਰਿਕਟਰ ਪੈਮਾਨੇ 'ਤੇ ਭੂਚਾਲ ਦੇ ਝਟਕਿਆਂ ਦੀ ਤੀਬਰਤਾ 7.0 ਸੀ। ਦੱਸਿਆ ਜਾ ਰਿਹਾ ਹੈ ਕਿ ਨਿਊਜ਼ੀਲੈਂਡ ਦੇ ਕਰਮਾਡੇਕ ਟਾਪੂ 'ਤੇ ਭੂਚਾਲ ਆਇਆ ਹੈ। ਚਾਈਨਾ ਅਰਥਕੁਏਕ ਨੈੱਟਵਰਕ ਸੈਂਟਰ (ਸੀਈਐਨਸੀ) ਮੁਤ-ਾਬਿਕ ਇਹ ਭੂਚਾਲ ਚੀਨ ਦੇ ਸਮੇਂ ਅਨੁਸਾਰ ਰਾਤ 8:56 ਵਜੇ ਨਿਊਜ਼ੀਲੈਂਡ ਵਿੱਚ ਆਇਆ।

ਅਮਰੀਕੀ ਭੂ-ਵਿਗਿਆਨ ਸਰਵੇਖਣ ਮੁਤਾਬਕ ਭੂਚਾਲ ਦੀ ਤੀਬਰਤਾ 7.0 ਸੀ। ਭੂਚਾਲ ਦਾ ਕੇਂਦਰ ਜ਼ਮੀਨ ਤੋਂ 10 ਕਿਲੋਮੀਟਰ ਅੰਦਰ ਸੀ। ਭੂਚਾਲ ਤੋਂ ਬਾਅਦ ਸੁਨਾਮੀ ਅਲਰਟ ਜਾਰੀ ਕਰ ਦਿੱਤਾ ਗਿਆ ਹੈ।

ਤੁਰਕੀ ਅਤੇ ਸੀਰੀਆ ਵਿੱਚ 6 ਫਰਵਰੀ ਨੂੰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਸਨ। ਭੂਚਾਲ ਬਹੁਤ ਜ਼ਬਰਦਸਤ ਸੀ। ਰਿਕਟਰ ਪੈਮਾਨੇ 'ਤੇ ਇਸ ਦੀ ਤੀਬਰਤਾ 7.8 ਸੀ। ਭੂਚਾਲ ਦਾ ਕੇਂਦਰ ਦੱਖਣੀ ਤੁਰਕੀ ਦਾ ਗਾਜ਼ੀਅਨਟੇਪ ਸੀ। ਇਹ ਸੀਰੀਆ ਅਤੇ ਤੁਰਕੀ ਦੀ ਸਰਹੱਦ 'ਤੇ ਹੈ। ਅਜਿਹੇ 'ਚ ਭੂਚਾਲ ਨੇ ਦੋਹਾਂ ਦੇਸ਼ਾਂ 'ਚ ਭਾਰੀ ਤਬਾਹੀ ਮਚਾਈ। ਇਸ 'ਚ 50 ਹਜ਼ਾਰ ਲੋਕਾਂ ਦੀ ਮੌਤ ਹੋ ਗਈ ਸੀ। ਇੱਥੇ ਤੇਜ਼ ਭੂਚਾਲ ਕਾਰਨ 5,20,000 ਅਪਾਰਟਮੈਂਟਾਂ ਸਮੇਤ 1,60,000 ਇਮਾਰਤਾਂ ਢਹਿ ਗਈਆਂ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਬੇਅਦਬੀ ਕਾਂਡ ਦਾ ਇਕ ਪੱਖ ਇਹ ਵੀ



ਬਿਕਰਮ ਸਿੰਘ ਗੋਰਾਇਆ

ਸੰਨ 2015 ਵਿਚ ਵਾਪਰੀ ਬੇਅਦਬੀ ਦੀ ਘਟਨਾ ਨੇ ਹਰ ਨਾਨਕ ਨਾਮ ਲੇਵਾ ਦਾ ਹਿਰਦਾ ਛਲਣੀ ਕੀਤਾ ਸੀ।

**2015 ਵਿਚ ਵਾਪਰੀ ਬੇਅਦਬੀ ਦੀ ਘਟਨਾ ਨੇ ਹਰ ਸੰਵੇਦਨਸ਼ੀਲ ਇਨਸਾਨ ਨੂੰ ਝੰਜੋੜ ਕੇ ਰੱਖ ਦਿੱਤਾ ਸੀ। ਹਾਲੇ ਵੀ ਇਸ ਦੇ ਸਵਾਲ ਅਣਸੁਲਝੇ ਪਏ ਹਨ...**

ਇਸ ਮੰਦਭਾਗੀ ਘਟਨਾ ਨਾਲ ਪੰਥਕ ਸਫਾ ਵਿਚ ਖਲਬਲੀ ਮਚ ਗਈ ਸੀ। ਬਹਿਬਲ ਕਲਾਂ ਅਤੇ ਕੋਟਕਪੂਰਾ ਗੋਲੀਕਾਂਡਾਂ ਕਾਰਨ ਵੀ ਸਮੇਂ ਦੀ ਅਕਾਲੀ-ਭਾਜਪਾ ਸਰਕਾਰ ਨੂੰ ਵੱਡਾ ਸਿਆਸੀ ਨੁਕਸਾਨ ਝੱਲਣਾ ਪਿਆ ਸੀ। ਪਿਛਲੇ ਲਗਭਗ ਦਸ ਸਾਲਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਲੈ ਕੇ ਮਚੇ ਰੋਹ ਨਾਲ ਸਿੱਖ ਸਮਾਜ ਵਿਚ ਚਾਨਣ ਘੱਟ ਤੇ ਧੂੰਆਂ ਜ਼ਿਆਦਾ ਫੈਲਿਆ ਹੈ। ਸੱਚੀ ਗੱਲ ਤਾਂ ਇਹ ਹੈ ਕਿ ਸਾਧਾਰਨ ਸਿੱਖ ਸੰਗਤਾਂ ਨੂੰ ਤਾਂ ਅਜੇ ਇਸ ਕੇਸ ਦੀਆਂ ਪੂਰੀਆਂ ਬਾਰੀਕੀਆਂ ਦਾ ਵੀ ਚੰਗੀ ਤਰ੍ਹਾਂ ਪਤਾ ਨਹੀਂ ਹੈ। ਤਿੰਨ ਅਲੱਗ- ਅਲੱਗ ਮੁੱਖ ਮੰਤਰੀਆਂ ਤੋਂ ਇਲਾਵਾ ਨਵਜੋਤ ਸਿੰਘ ਸਿੱਧੂ, ਤ੍ਰਿਪਤ ਰਜਿੰ-ਦਰ ਸਿੰਘ ਬਾਜਵਾ ਅਤੇ ਸੁਖਜਿੰਦਰ ਸਿੰਘ ਰੰਧਾਵਾ ਵਰਗੇ ਆਗੂਆਂ ਵਲੋਂ ਕੀਤੇ ਸਿਆਸੀ ਪ੍ਰਚਾਰ ਕਾਰਨ ਇਸ ਕੇਸ ਦੀਆਂ ਅਸਲੀ ਬਾਰੀਕੀਆਂ ਆਮ ਲੋਕਾਂ ਦੀਆਂ ਅੱਖਾਂ ਤੋਂ ਓਝਲ ਹੀ ਹੋ ਗਈਆਂ ਹਨ।

ਅਕਾਲੀ ਆਗੂ ਵੀ ਅਜੇ ਤੱਕ ਇਸ ਮਸਲੇ 'ਤੇ ਆਪਣੀ ਮਾਸੂਮੀਅਤ ਅਤੇ ਵਿਰੋਧੀ ਪ੍ਰਚਾਰ ਦਾ ਸ਼ਿਕਾਰ ਹੋਣ ਦੀ ਕਹਾਣੀ ਨੂੰ ਚੰਗੀ ਤਰਾਂ ਸੰਗਤ ਸਾਹਮਣੇ ਨਹੀਂ ਲਿਆ ਸਕੇ ਹਨ। ਇਹ ਗੱਲ ਬਹੁਤ ਅਹਿਮ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਉਸ ਵੇਲੇ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਅਤੇ ਉਸ ਵੇਲੇ ਦੇ ਉਪ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਸੁਖਬੀਰ ਸਿੰਘ ਬਾਦਲ ਵੀ ਕਦੇ ਇਸ ਗੱਲ ਤੋਂ ਇਨਕਾਰੀ ਨਹੀਂ ਹੋਏ ਕਿ ਉਨ੍ਹਾਂ ਦੇ ਰਾਜ ਕਾਲ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਦਾ ਵਾਪਰਨਾ ਹੀ ਉਨ੍ਹਾਂ ਦੀ ਸਰਕਾਰ ਲਈ ਬਹੁਤ ਅਫ਼ਸੋਸਨਾਕ ਅਤੇ ਤਕਲੀਫ਼ਦੇਹ ਵਰਤਾਰਾ ਸੀ। ਇਸ ਵਰਤਾਰੇ 'ਤੇ ਹੀ ਸਪੱਸ਼ਟ ਅੱਖਰਾਂ ਵਿਚ ਪਸ਼ਚਾਤਾਪ ਕਰਨ ਲਈ ਸਮੁੱਚੀ ਅਕਾਲੀ ਲੀਡਰਸ਼ਿਪ ਮੀਰੀ-ਪੀਰੀ ਦੇ ਮਹਾਨ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਨਤਕ ਤੌਰ ਨਤਮ-ਸਤਕ ਹੋਈ ਸੀ ਤੇ ਕਈ ਦਿਨ ਉਨ੍ਹਾਂ ਨੇ ਸੰਗਤ ਦੇ ਜੋੜੇ ਸਾਫ਼ ਕਰਨ ਅਤੇ ਲੰਗਰ ਛਕਾਉਣ ਦੀ ਸੇਵਾ ਵੀ ਨਿਭਾਈ ਸੀ। ਜਾਹਿਰ ਹੈ ਕਿ ਖੁਦ ਅਕਾਲੀ ਲੀਡਰਸ਼ਿਪ ਤੇ ਅਕਾਲੀ ਵਰਕਰ ਵੀ ਬੇਅਦਬੀ ਦੀਆਂ ਘਟਨਾਵਾਂ ਤੋਂ ਗਹਿਰੇ ਸਦਮੇ ਵਿਚ ਸਨ। ਕਿਹੜੀ ਸਰਕਾਰ ਚਾਹੇਗੀ ਕਿ ਉਸ ਦੇ ਰਾਜ ਸਮੇਂ ਅਜਿਹਾ ਭਾਣਾ ਵਾਪਰੇ?

ਇਸ ਦੇ ਉਲਟ ਅਕਾਲੀ-ਭਾਜਪਾ ਸਰਕਾਰ ਤੋਂ ਬਾਅਦ ਸੱਤਾਧਾਰੀ ਅਕਾਲੀ ਵਿਰੋਧੀ ਬਿਰਤਾਤ ਸਿਮਣ ਵਿਚ ਸਫਲ ਹੋਏ। ਐੱਸਆਈਟੀ ਵੱਲੋਂ ਜੋ ਕੇਸ ਬਣਾਏ ਗਏ ਹਨ, ਉਨ੍ਹਾਂ ਨੂੰ ਵੀ ਬਾਦਲਾਂ ਵਿਰੁੱਧ ਬੇਅਦਬੀ ਦੇ ਇਲਜਾਮ ਦੇ ਤੌਰ 'ਤੇ ਹੀ ਪੇਸ਼ ਕੀਤਾ ਜਾ ਰਿਹਾ ਹੈ। ਇਨ੍ਹਾਂ ਦਾ ਸਬੰਧ ਬੇਅਦਬੀ ਦੀ ਬਜਾਏ ਕੇਵਲ ਅਤੇ ਕੇਵਲ ਦੇ ਅਲੱਗ-ਅਲੱਗ ਥਾਵਾਂ ਬਹਿਬਲ ਕਲਾਂ ਅਤੇ ਕੋਟਕਪੂਰਾ ਵਿਚ ਬੇਅਦਬੀ ਕੇਸਾਂ ਬਾਰੇ ਕੁਝ ਜਥੇਬੰਦੀਆਂ ਵੱਲੋਂ ਉਸ ਵੇਲੇ ਦੀ ਸਰਕਾਰ ਵਿਰੁੱਧ ਕੀਤੇ ਜਾ ਰਹੇ ਰੋਸ ਮੁਜਾਹਰਿਆਂ ਨਾਲ ਪ੍ਰਸ਼ਾਸਨ ਵਲੋਂ ਨਜਿੱਠੇ ਜਾਣ ਦੇ ਢੰਗ-ਤਰੀਕਿਆਂ ਨਾਲ ਹੈ। ਦੂਜੇ ਸ਼ਬਦਾਂ ਵਿਚ ਇਨ੍ਹਾਂ ਦਾ ਸਬੰਧ ਸਿੱਧੇ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਨਹੀਂ ਸਗੋਂ ਪ੍ਰਸ਼ਾਸਨਿਕ ਪਹੁੰਚ ਦੇ ਸਹੀ ਜਾਂ ਗਲਤ ਹੋਣ ਨਾਲ ਹੈ ਕਿਉਂਕਿ ਇਹ ਰੋਸ ਬੇਅਦਬੀ ਕੇਸਾਂ ਦੀ ਪੈਰਵੀ ਨਾਲ ਸਬੰਧਤ ਸਨ, ਇਸ ਲਈ ਇਨ੍ਹਾਂ ਨੂੰ ਵੀ ਸਿੱਧੇ-ਸਿੱਧੇ ਬੇਅਦਬੀ ਕੇਸ ਕਹਿ ਕੇ ਪ੍ਰਚਾਰਿਆ ਗਿਆ।

ਪਹਿਲਾਂ ਬੇਅਦਬੀ ਕੇਸਾਂ ਦੀ ਹੀ ਗੱਲ ਕਰ ਲਈਏ। ਬੇਅਦਬੀ ਦੇ ਕੇਸਾਂ ਦੀ ਜਾਂਚ ਵਿਚ ਢਿੱਲ- ਮੱਠ ਕਰਨ ਦਾ ਇਲਜਾਮ ਅਕਾਲੀ ਸਰਕਾਰ 'ਤੇ ਲੱਗਾ। ਉਂਝ ਤਾਂ ਜਦੋਂ ਕੋਈ ਵੀ ਘਟਨਾ ਵਾਪਰਦੀ ਹੈ ਤਾਂ ਉਸ ਦਾ ਇਲਜ਼ਾਮ ਮੌਕੇ ਦੀ ਸਰਕਾਰ 'ਤੇ ਹੀ ਲੱਗਦਾ ਹੈ। ਇਸ ਲਈ ਇਹ ਕੋਈ ਨਵੀਂ ਗੱਲ ਨਹੀਂ ਸੀ ਤੇ ਜੇ ਅਕਾਲੀ ਸਰਕਾਰ ਨੇ ਢਿੱਲ-ਮੱਠ ਕੀਤੀ ਹੋਵੇ ਤਾਂ ਇਹ ਇਲਜਾਮ ਵਾਜਿਬ ਕਹੇ ਜਾ ਸਕਦੇ ਸਨ ਪਰ ਕੀ ਅਕਾਲੀ ਸਰਕਾਰ ਨੇ ਵਾਕਈ ਜਾਂਚ ਵਿਚ ਢਿੱਲ-ਮੱਠ ਦਿਖਾਈ? ਇਸ ਬਾਰੇ ਸਿਰਫ਼ ਤੱਥਾਂ ਦੀ ਪੁਣ-ਛਾਣ ਤੋਂ ਬਾਅਦ ਹੀ ਕਿਸੇ ਨਤੀਜੇ 'ਤੇ ਪਹੁੰਚਿਆ ਜਾ ਸਕਦਾ ਹੈ। ਚਲੋ ਇਹ ਹੀ ਕਰ ਲੈਂਦੇ ਹਾਂ।

ਸੱਚਾਈ ਇਹ ਹੈ ਕਿ ਜਦੋਂ ਇਹ ਘਟਨਾਵਾਂ ਹੋਈਆਂ ਤਾਂ ਉਸ ਵੇਲੇ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਤੁਰੰਤ ਇਸ ਦੀ ਕਮਾਂਡ ਆਪਣੇ ਹੱਥਾਂ ਵਿਚ ਲੈ ਕੇ ਇਕ ਐੱਸਆਈਟੀ ਦਾ ਗਠਨ ਕੀਤਾ ਜਿਸ ਦੀ ਅਗਵਾਈ ਸੀਨੀਅਰ ਪੁਲਸ ਅਧਿਕਾਰੀ ਰਣਬੀਰ ਸਿੰਘ ਖਟੜਾ ਕਰ ਰਹੇ ਸਨ। ਉਹ ਜਾਂਚ ਅਜੇ ਚੱਲ ਹੀ ਰਹੀ ਸੀ ਕਿ ਕੁਝ ਜਥੇਬੰਦੀਆਂ ਤੇ ਅਕਾਲੀ ਵਿਰੋਧੀ ਪਾਰਟੀਆਂ ਨੇ ਰੌਲਾ ਪਾ ਦਿੱਤਾ ਕਿ ਉਨ੍ਹਾਂ ਨੂੰ ਬਾਦਲ ਵਲੋਂ ਬਣਾਈ ਜਾਂਚ ਕਮੇਟੀ ਜਾਂ ਪੁਲਸ 'ਤੇ ਕੋਈ ਵਿਸ਼ਵਾਸ ਨਹੀਂ ਅਤੇ ਉਨ੍ਹਾਂ ਨੇ ਸਰਕਾਰ 'ਤੇ ਦਬਾਅ ਬਣਾਇਆ ਕਿ ਸਾਰੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ। ਮੁੱਖ ਮੰਤਰੀ ਨੇ ਆਪਣੇ ਵਿਰੋਧੀਆਂ ਦੀ ਮੰਗ ਸਵੀਕਾਰ ਕਰ ਕੇ ਸਾਰੀ ਜਾਂਚ ਸੀਬੀਆਈ ਨੂੰ ਸੌਂਪ ਦਿੱਤੀ। ਇਸ ਤੋਂ ਬਾਅਦ ਅਕਾਲੀ ਸਰਕਾਰ ਨੇ ਬੇਅਦਬੀ ਕਾਂਡ ਨਾਲ ਚੰਗੀ ਤਰ੍ਹਾਂ ਨਜਿੱਠਿਆ ਕਿ ਨਹੀਂ, ਇਹ ਸਵਾਲ ਹੀ ਖਤਮ ਹੋ ਗਿਆ ਕਿਉਂਕਿ ਜਾਂਚ ਹੀ ਪੰਜਾਬ ਸਰਕਾਰ ਕੋਲ ਨਹੀਂ ਰਹੀ। ਅਕਾਲੀ ਸਰਕਾਰ ਨੇ ਤਾਂ ਇਸ ਮਸਲੇ ਦੀ ਜਾਂਚ ਹੀ ਬਹੁਤ ਥੋੜ੍ਹਾ ਚਿਰ ਕੀਤੀ ਜਿਸ ਦੌਰਾਨ ਜੋ ਕਾਰਵਾਈ ਹੋਈ, ਉਸ ਦਾ ਰਿਕਾਰਡ ਵੀ ਮੌਜੂਦ ਹੈ, ਪਰ ਅਕਾਲੀ ਸਰਕਾਰ ਜਾਂ ਪ੍ਰਕਾਸ਼ ਸਿੰਘ ਬਾਦਲ ਜਾਂ ਸੁਖਬੀਰ ਸਿੰਘ ਬਾਦਲ 'ਤੇ ਜਾਂਚ ਕਰਵਾਉਣ ਜਾਂ ਨਾ ਕਰਵਾਉਣ ਦੇ ਇਲਜ਼ਾਮ ਦਾ ਤਾਂ ਆਧਾਰ ਹੀ ਕੋਈ ਨਾ ਰਿਹਾ। ਇਸ ਦੇ ਬਾਵਜੂਦ ਵਿਰੋਧੀ ਧਿਰਾਂ ਨੇ ਕਿਹਾ ਹੈ ਕਿ ਬਾਦਲਾਂ ਨੇ ਜਾਂਚ ਨਹੀਂ ਕਰਵਾਈ। ਇਹ ਜ਼ਿਕਰਯੋਗ ਹੈ ਕਿ ਅੱਜ ਤਕ ਇਕ ਹੀ ਬੇਅਦਬੀ ਕਾਂਡ ਵਿਚ ਸਜ਼ਾ ਹੋਈ ਹੈ ਤੇ ਉਹ ਮੌਲਕੇ ਪਿੰਡ ਵਿਚ ਹੋਈ ਬੇਅਦਬੀ ਕਾਂਡ ਵਿਚ ਹੋਈ ਸੀ ਤੇ ਇਹ ਇਕੋ-ਇਕ ਸਜ਼ਾ ਬਾਦਲ ਸਰਕਾਰ ਨੇ ਹੀ ਦਿਵਾਈ, ਪਰ ਜਿਨ੍ਹਾਂ ਕੇਸਾਂ ਦੀ ਗੱਲ ਹੋ ਰਹੀ ਹੈ, ਉਨ੍ਹਾਂ ਸਬੰਧੀ ਕੈਪਟਨ ਅਮਰਿੰਦਰ ਸਿੰਘ ਸਰਕਾਰ ਆਈ ਤਾਂ ਉਸ ਨੇ ਜਾਂਚ ਸੀਬੀਆਈ ਤੋਂ ਇਹ ਕਹਿ ਕੇ ਵਾਪਸ ਲੈ ਲਈ ਕਿ ਇਹ ਏਜੰਸੀ ਕੇਂਦਰ ਦੀ ਭਾਜਪਾ ਸਰਕਾਰ ਅਧੀਨ ਹੈ, ਜਿਸ ਨਾਲ ਅਕਾਲੀ ਦਲ ਦੀ ਭਾਈਵਾਲੀ ਹੈ। ਇਸ ਲਈ ਉਹ ਨਿਰਪੱਖ ਜਾਂਚ ਨਹੀਂ ਕਰ ਸਕਦੀ। ਫਿਰ ਇਕ ਐੱਸਆਈਟੀ ਬਣੀ, ਜਿਸ ਵਿਚ ਇਕ ਮੈਂਬਰ ਇਸ ਟੀਮ ਦਾ ਮੁਖੀ ਨਾ ਹੋਣ ਦੇ ਬਾਵਜੂਦ ਆਪਣੀ ਮਨਮਰਜ਼ੀ ਦੀ ਰਿਪੋਰਟ ਤਿਆਰ ਕਰ ਕੇ ਹਾਈ ਕੋਰਟ ਵਿਚ ਲੈ ਗਿਆ। ਹਾਲਾਂਕਿ ਇਸ ਟੀਮ ਦੇ ਬਾਕੀ ਸਾਰੇ ਮੈਂਬਰ ਉਸ ਨਾਲ ਸਹਿਮਤ ਨਹੀਂ ਸਨ। ਹਾਈ ਕੋਰਟ ਨੇ ਵੀ ਬਾਦਲਾਂ ਵਿਰੋਧੀ ਇਸ ਰਿਪੋਰਟ 'ਤੇ ਉਸ ਵਕਤ ਦੀ ਸਰਕਾਰ ਵਿਰੁੱਧ ਸਖ਼ਤ ਟਿੱਪਣੀਆਂ ਕੀਤੀਆਂ। ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਹੇਠ ਵੀ ਬੇਅਦਬੀ ਕੇਸਾਂ ਬਾਰੇ ਜੋ ਚਾਰਜਸ਼ੀਟਾਂ ਪੇਸ਼ ਹੋਈਆਂ ਹਨ, ਉਨ੍ਹਾਂ ਵਿਚ ਵੀ ਨਾ ਤਾਂ ਬਾਦਲਾਂ ਦਾ ਤੇ ਨਾ ਹੀ ਕਿਸੇ ਹੋਰ ਅਕਾਲੀ ਆਗੂ ਦਾ ਜਾਂ ਕਿਸੇ ਅਕਾਲੀ ਵਰਕਰ ਦਾ ਵੀ ਨਾਮ ਤੱਕ ਸ਼ਾਮਲ ਹੈ। ਹੁਣ ਗੱਲ ਕਰਦੇ ਹਾਂ ਕੋਟਕਪੂਰਾ ਅਤੇ ਬਹਿਬਲ ਕਲਾਂ ਵਿਚ ਹੋਈਆਂ ਘਟਨਾਵਾਂ ਦੀ। ਮੁਕੱਦਮਾ 3087 ਦਾ ਹੈ ਜਿਸ ਵਿਚ ਰਿਪੋਰਟਾਂ ਅਨੁਸਾਰ ਉਦੋਂ ਦੇ ਗ੍ਰਹਿ ਮੰਤਰੀ ਸੁਖਬੀਰ ਸਿੰਘ ਬਾਦਲ ਅਤੇ ਤਤਕਾਲੀ ਡੀਜੀਪੀ ਸੁਮੇਧ ਸੈਣੀ ਨੂੰ ਸਾਜਸ਼ਿਕਰਤਾ ਅਤੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਸਹੂਲਤਕਾਰ ਦੱਸਿਆ ਗਿਆ ਹੈ। ਜੋ ਗ੍ਰਹਿ ਮੰਤਰੀ ਯਾਨੀ ਸੁਖਬੀਰ ਸਿੰਘ ਬਾਦਲ ਨੇ ਹੀ ਗੋਲੀ ਚਲਵਾਉਣੀ ਹੋਵੇ ਤਾਂ ਉਹ ਵੀ ਸਹੀ ਜਾਂ ਗਲਤ ਸਿੱਧੇ ਪੁਲਸ ਨੂੰ ਹੀ ਕਰੇਗਾ। ਉਸ ਨੂੰ ਇਸ ਲਈ ਸਾਜਿਸ਼ ਕਰਨ ਦੀ ਕੀ ਲੋੜ ਹੈ ਤੇ ਸਾਜਿਸ਼ ਕਿਸ ਨਾਲ ਕਰੇਗਾ, ਜਦਕਿ ਪੁਲਸ ਉਸ ਦੇ ਆਪਣੇ ਹੁਕਮ ਅਧੀਨ ਹੈ।

ਸੱਚਾਈ ਇਹ ਹੈ ਕਿ ਅਜਿਹੇ ਹਾਲਾਤ ਵਿਚ ਕੋਈ ਚਲਾਉਣ ਜਾਂ ਨਾ ਚਲਾਉਣ ਜਾਂ ਕੋਈ ਹੋਰ ਵਿਧੀ ਅਪਣਾਉਣ ਦੇ ਹੁਕਮ ਸਿਰਫ ਤੇ ਸਿਰਫ ਮੌਕੇ ਦਾ ਡਿਊਟੀ ਮੈਜਿਸਟ੍ਰੇਟ ਹੀ ਦੇ ਸਕਦਾ ਹੈ। ਇਸ ਵਿਚ ਨਾ ਪੁਲਿਸ ਦਾ ਕੋਈ ਰੋਲ ਹੁੰਦਾ ਹੈ ਤੇ ਨਾ ਹੀ ਸਿਆਸੀ ਲੀਡਰਸ਼ਿਪ ਦਾ। ਡਿਊਟੀ ਮੈਜਿਸਟ੍ਰੇਟ ਤੇ ਸਿਵਾਏ ਹੋਰ ਕਿਸੇ ਕੋਲ ਇਹ ਪਾਵਰ ਹੀ ਨਹੀਂ ਕਿ ਉਸ ਦੇ ਹੁਕਮ ਤੇ ਗੋਲੀ ਚਲਾਈ ਜਾ ਸਕੇ ਤੇ ਕੋਟਕਪੂਰਾ ਵਿਖੇ ਜੋ ਡਿਊਟੀ ਮੈਜਿਸਟ੍ਰੇਟ ਉਸ ਵਕਤ ਸੀ, ਅੱਜ ਤਕ ਇਹ ਬਿਆਨ ਦੇ ਰਿਹਾ ਹੈ ਕਿ ਗੋਲੀ ਚਲਾਉਣ ਦੇ ਹੁਕਮ ਖੁਦ ਉਸ ਨੇ ਹੀ ਦੇਣੇ ਸਨ ਤੇ ਉਸ ਨੇ ਹੀ ਦਿੱਤੇ। ਇਹ ਵੀ ਸਪੱਸ਼ਟ ਹੈ ਕਿ ਡਿਊਟੀ ਮੈਜਿਸਟ੍ਰੇਟ ਕਿਸੇ ਹੋਰ ਦੇ ਕਹਿਣ 'ਤੇ ਹੁਕਮ ਦੇ ਵੀ ਨਹੀਂ ਸਕਦਾ। ਜਦ ਡਿਊਟੀ ਮੈਜਿਸਟੇਟ ਹੀ ਗੋਲੀ ਚਲਾਉਣ ਦੇ ਹੁਕਮ ਜਾਰੀ ਕਰਨ ਦੀ ਜ਼ਿੰਮੇਵਾਰੀ ਆਪਣੇ ਸਿਰ ਲੈ ਰਿਹਾ ਹੋਵੇ ਤਾਂ ਉਸ ਤੋਂ ਬਾਅਦ ਕਹਾਣੀ ਹੀ ਖਤਮ ਹੋ ਜਾਂਦੀ ਹੈ ਪਰ ਸਿਆਸੀ ਧਿਰਾਂ ਇਸ ਗੱਲ ਵੱਲ ਕਿਸੇ ਦਾ ਧਿਆਨ ਹੀ ਨਹੀਂ ਜਾਣ ਦੇ ਰਹੀਆਂ।

ਅਕਾਲੀ ਦਲ ਦੀ ਸਭ ਤੋਂ ਵੱਡੀ ਕਮਜ਼ੋਰੀ ਇਹ ਰਹੀ ਹੈ ਕਿ ਉਹ ਇਨ੍ਹਾਂ ਤੱਥਾਂ ਨੂੰ ਸੰਗਤ ਦੇ ਸਾਹਮਣੇ ਚੰਗੀ ਤਰ੍ਹਾਂ ਪੇਸ਼ ਹੀ ਨਹੀਂ ਕਰ ਸਕਿਆ। ਉਹ ਮੰਨਣ ਜਾਂ ਮੰਨਣ ਪਰ ਬੇਅਦਬੀ ਕਾਂਡ ਵਿਚ ਬਿਨਾਂ ਵਜ੍ਹਾ ਇੰਨੀ ਵੱਡੀ ਕੀਮਤ ਚੁਕਾਉਣੀ ਉਨ੍ਹਾਂ ਦੀ ਆਪਣੀ ਮੀਡੀਆ ਟੀਮ ਅਤੇ ਸਿਆਸੀ ਪੇਸ਼ਕਾਰੀ ਦੀ ਪਹੁੰਚ ਦੀ ਕਮਜ਼ੋਰੀ ਹੀ ਮੰਨੀ ਜਾਵੇਗੀ। ਇਸ ਸਾਰੇ ਵਰਤਾਰੇ ਨਾਲ ਜਿੰਨਾ ਨੁਕਸਾਨ ਅਕਾਲੀ ਆਗੂਆਂ ਦਾ ਹੋਇਆ ਹੈ, ਉਸ ਤੋਂ ਕਿਤੇ ਵੱਧ ਸਿੱਖ ਕੌਮ ਦਾ ਹੋ ਗਿਆ ਹੈ।









# ਕਿਸਾਨਾਂ ਨੂੰ ਮੰਡੀਆਂ ’ਚ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ- ਧਾਲੀਵਾਲ

## * ਮੰਡੀ ਭਗਤਾਂਵਾਲਾ ਦੀਆਂ ਸੜਕਾਂ ਬਨਾਉਣ ਅਤੇ ਸੀ ਸੀ ਫਲੋਰਿੰਗ ਦੀ ਕੀਤੀ ਸ਼ੁਰੂਆਤ



ਅੰਮ੍ਰਿਤਸਰ, 16 ਮਾਰਚ (ਪੋਸਟ ਬਿਊਰੋ): ਖੇਤੀਬਾੜੀ, ਕਿਸਾਨ ਭਲਾਈ, ਪੇਂਡੂ ਵਿਕਾਸ ਅਤੇ ਐਨ ਆਰ ਆਈ ਮਾਮਲੇ ਮੰਤਰੀ ਸ। ਕੁਲਦੀਪ ਸਿੰਘ ਧਾਲੀਵਾਲ ਨੇ ਆ ਰਹੇ ਹਾੜੀ ਸੀਜ਼ਨ ਦੌਰਾਨ ਪੰਜਾਬ ’ਚ ਕਣਕ ਦੀ ਸੁਚਾਰੂ ਖਰੀਦ ਲਈ ਕਿਸਾਨਾਂ ਨੂੰ ਭਰੋਸਾ ਦਿੰਦੇ ਕਿਹਾ ਕਿ ਤੁਹਾਡੀ ਫਸਲ ਦੀ ਖਰੀਦ ਵਿਚ ਕਿਸੇ ਕਿਸਮ ਦੀ ਮੁਸ਼ਕਿਲ ਸਰਕਾਰ ਨਹੀਂ ਆਉਣ ਦੇਵੇਗੀ। ਉਨਾਂ ਕਿਹਾ ਕਿ ਇਸ ਬਾਬਤ ਮੰਡੀ ਅਧਿਕਾਰੀਆਂ ਤੇ ਖਰੀਦ ਏਜੰਸੀਆਂ ਨੂੰ ਹਦਾਇਤਾਂ ਕਰ ਦਿੱਤੀਆਂ ਗਈਆਂ ਹਨ ਪਰ ਤੁਸੀਂ ਕਿਸੇ ਕਾਹਲ ਵਿਚ ਗਿੱਲੀ ਕਣਕ ਮੰਡੀ ਲੈ ਕੇ ਨਹੀਂ ਆਉਣੀ। ਉਨਾਂ ਕਿਹਾ ਕਿ ਮੁੱਖ ਮੰਤਰੀ ਸ। ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਡੀ ਸਰਕਾਰ ਕਿਰਸਾਨੀ ਦੇ ਭਲੇ ਲਈ ਤਤਪਰ ਹੈ ਅਤੇ ਕਿਸਾਨਾਂ ਦੀ ਫਸਲ ਖਰੀਦ ਵਿਚ ਕੋਈ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਨੂੰ ਮੰਡੀਆਂ ਅਲਾਟ ਕੀਤੀਆਂ ਗਈਆਂ ਹਨ ਅਤੇ ਹਰੇਕ ਐਸ।ਡੀ।ਐਮ। ਆਪਣੀ ਸਬ ਡਵੀਜ਼ਨ ’ਚ ਪੈਂਦੀਆਂ ਮੰਡੀਆਂ ’ਚ ਨੋਡਲ ਅਫ਼ਸਰ ਵਜੋਂ ਕਣਕ ਦੀ ਖਰੀਦ ਦਾ ਕੰਮ ਵੇਖਣਗੇ, ਜੋ ਕਿ ਖਰੀਦ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਦਫ਼ਤਰ ਨਾਲ ਸਾਂਝੀ ਕਰਦੇ ਰਹਿਣਗੇ। ਉਨ੍ਹਾਂ ਅਧਿਕਾਰੀਆਂ ਨੂੰ ਮੰਡੀਆਂ ’ਚ ਸਾਫ਼ ਸਫ਼ਾਈ, ਪੀਣ ਵਾਲੇ ਪਾਣੀ, ਪਖਾਨੇ ਤੇ ਪਿਸ਼ਾਬ ਘਰ, ਲਾਇਟਾਂ ਆਦਿ ਦੇ ਸੁਚੱਜੇ ਪ੍ਰਬੰਧ ਸਮੇਂ ਸਿਰ ਮੁਕੰਮਲ ਕਰਨ ਲਈ ਵੀ ਕਿਹਾ। ਅੱਜ ਸ ਧਾਲੀਵਾਲ ਨੇ ਭਗਤਾਂਵਾਲਾ ਦਾਣਾ ਮੰਡੀ ਵਿਚ ਬਹੁਤ ਪੁਰਾਣਾ ਗੱਡਾ ਸਟੈਂਡ, ਜੋ ਕਿ ਹੁਣ ਥਾਂ ਡੂੰਘੀ ਹੋਣ ਕਾਰਨ ਕਿਸੇ ਵਰਤੋਂ ਵਿਚ ਵੀ ਨਹੀਂ ਸੀ ਆ ਰਿਹਾ, ਉਪਰ ਸੀ ਸੀ ਫਲੋਰਿੰਗ ਕਰਨ ਅਤੇ ਮੰਡੀ ਅੰਦਰਲੀਆਂ ਸੜਕਾਂ ਦੀ ਰਿਪੇਅਰ ਦੇ ਕੰਮਾਂ ਦੀ ਸ਼ੁਰੂਆਤ ਕੀਤੀ, ਜਿਸ ਉਤੇ ਕਰੀਬ 1163 ਕਰੋੜ ਰੁਪਏ ਖਰਚ ਆਉਣਗੇ। ਉਨਾਂ ਕਿਹਾ ਕਿ ਇਸ ਨਾਲ ਮੰਡੀ ਵਿਚ ਫਸਲ ਦੇ ਰੱਖ ਰਖਾਅ ਲਈ ਥਾਂ ਵਧੇਗੀ ਅਤੇ ਕਿਸਾਨਾਂ ਨੂੰ ਆਪਣੀ ਫਸ਼ਲ ਲੈ ਕੇ ਆਉਣਾ ਵੀ ਅਸਾਨ ਹੋਵੇਗਾ।

ਉਨਾਂ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰਬੰਧਾਂ ’ਚ ਕਿਸੇ ਵੀ ਕਿਸਮ ਦੀ ਕੋਈ ਢਿੱਲ ਮੱਠ ਨਹੀਂ ਹੋਣੀ ਚਾਹੀਦੀ। ਉਨ੍ਹਾਂ ਐਸ।ਡੀ।ਐਮਜ ਨੂੰ ਕਿਹਾ ਕਿ ਉਹ ਮੰਡੀਆਂ ’ਚ ਚੱਲ ਰਹੇ ਸਫ਼ਾਈ ਕਾਰਜਾਂ ਦਾ ਖ਼ੁਦ ਜਾਇਜਾ ਲੈਣਾ ਯਕੀਨੀ ਬਣਾਉਣ। ਸ। ਧਾਲੀਵਾਲ ਨੇ ਕਿਹਾ ਕਿ ਮੰਡੀਆਂ ’ਚ ਤੋਲ ਤੋਲਾਈ ਲਈ ਕੰਡੇ ਅਤੇ ਨਮੀ ਜਾਂਚਣ ਵਾਲੇ ਮੀਟਰ ਵੀ ਠੀਕ ਹਾਲਤ ’ਚ ਹੋਣੇ ਚਾਹੀਦੇ ਹਨ ਅਤੇ ਤਰਪਾਲਾਂ ਦਾ ਵੀ ਪ੍ਰਬੰਧ ਸਹੀ ਹੋਵੇ, ਤਾਂ ਜੋ ਕਿਸੇ ਵੀ ਤਰਾਂ ਦੇ ਮੌਸਮ ਨਾਲ ਨਿੱਜਠਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕਣਕ ਦੀ ਸੰਭਾਲ ਲਈ ਬਾਰਦਾਨੇ ਦੀ ਉਪਲਬੱਧਤਾ ਯਕੀਨੀ ਬਣਾਈ ਜਾਵੇਗੀ ਤਾਂ ਜੋ ਖਰੀਦ ਸੀਜ਼ਨ ਸ਼ੁਰੂ ਹੋਣ ’ਤੇ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

Tri-City Professional Realty Inc., Brokerage. The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8
SOLD $1,399,999 CASTLEMORE/GOREWAY
SOLD $1,749,900 8337 ਗਲਫ ਲਾਈਨ
SOLD $1,950,000 26 Yellow RomeRd

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage
IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application
FAMILY LAWYER
- Child & Spousal support
- Custody & Access
- Divorce
- Equalization
BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits
WILLS & ESTATE
- Wills
- Certificate of Estate Trustee with/without Will
- Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061.

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3’’, ਇੰਟਰਨੈਸ਼ਨਲ ਬਿਜ਼ਨੈਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days a Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

# ਅਗਲੀ ਸਰਕਾਰ ਲਈ ਨਹੀਂ, ਸਗੋਂ ਅਗਲੀ ਪੀੜ੍ਹੀ ਦਾ ਭਵਿੱਖ ਬਿਹਤਰ ਬਣਾਉਣ ਲਈ ਕਰ ਰਹੇ ਹਾਂ ਕੰਮ: ਮੁੱਖ ਮੰਤਰੀ

* ਲੋਕਾਂ ਨੂੰ ਦਿੱਤੀਆਂ ਗਾਰੰਟੀਆਂ ਇਕ ਸਾਲ 'ਚ ਹੀ ਕੀਤੀਆਂ ਪੂਰੀਆਂ * ਪਹਿਲੇ ਸਾਲ ਵਿੱਚ ਹੀ ਲੋਕਾਂ ਦੀਆਂ ਉਮੀਦਾਂ, ਭਰੋਸੇ 'ਚ ਹੋਈਆਂ ਤਬਦੀਲ

ਚੰਡੀਗੜ੍ਹ, 16 ਮਾਰਚ (ਪੋਸਟ ਬਿਊਰੋ): ਪਿਛਲੇ ਇਕ ਸਾਲ ਵਿੱਚ ਪੰਜਾਬ ਦੇ ਲਾਮਿਸਾਲ ਵਿਕਾਸ ਦਾ ਪਹਿਲਾ ਪੜਾਅ ਸਫ਼ਲਤਾਪੂਰਵਕ ਮੁਕੰਮਲ ਕਰਨ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅਸੀਂ ਅਗਲੀ ਸਰਕਾਰ ਬਣਾਉਣ ਲਈ ਨਹੀਂ, ਸਗੋਂ ਅਗਲੀਆਂ ਪੀੜ੍ਹੀਆਂ ਦੀ ਖੁਸ਼ਹਾਲੀ ਲਈ ਅਣਥੱਕ ਮਿਹਨਤ ਕਰ ਰਹੇ ਹਾਂ।



ਆਪਣੀ ਸਰਕਾਰ ਦੇ ਕਾਰਜਕਾਲ ਦਾ ਇਕ ਵਰ੍ਹਾ ਮੁਕੰਮਲ ਹੋਣ ਮਗਰੋਂ ਪੰਜਾਬੀਆਂ ਲਈ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਆਖਿਆ ਕਿ ਪਿਛਲੇ ਸਾਲ ਹੋਈਆਂ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਪੱਖ ਵਿੱਚ ਵਿਆ-ਪਕ ਫਤਵਾ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੇ ਸਮੁੱਚੇ ਵਿਕਾਸ ਤੇ ਖੁਸ਼ਹਾਲੀ ਲਈ ਕੀਤੀਆਂ ਸਮਰਪਿਤ ਕੋਸ਼ਿਸ਼ਾਂ ਨਾਲ ਪਿਛਲੇ ਇਕ ਸਾਲ ਦੌਰਾਨ ਸੂਬਾ ਕ੍ਰਾਂਤੀਕਾਰੀ ਤਬਦੀਲੀਆਂ ਦਾ ਗਵਾਹ ਬਣਿਆ ਹੈ।

ਭਗਵੰਤ ਮਾਨ ਨੇ ਕਿਹਾ ਕਿ ਅਗਲੀ ਸਰਕਾਰ ਬਣਾਉਣ ਲਈ ਜੋੜ-ਤੋੜ ਕਰਨ ਵਾਲੀਆਂ ਪਿਛਲੀਆਂ ਸਰਕਾਰ ਦੇ ਉਲਟ ਸਾਡੀ ਸਰਕਾਰ ਅਗਲੀ ਪੀੜ੍ਹੀ ਦੇ ਸਮੁੱਚੇ ਵਿਕਾਸ ਉਤੇ ਧਿਆਨ ਕੇਂਦਰਤ ਕਰ ਰਹੀ ਹੈ।

ਮੁੱਖ ਮੰਤਰੀ ਨੇ ਵੱਡ-ਆਕਾਰੀ ਫਤਵੇ ਨਾਲ ਪੰਜਾਬ ਦੀ ਜ਼ਿੰਮੇਵਾਰੀ ਸੌਂਪਣ ਲਈ ਲੋਕਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿਖਾਏ ਭਰੋਸੇ ਤੇ ਪਿਆਰ ਨੇ ਉਨ੍ਹਾਂ ਨੂੰ ਆਪਣਾ ਫ਼ਰਜ਼ ਪ੍ਰਭਾਵਸ਼ਾਲੀ ਤਰੀਕੇ ਨਾਲ ਨਿਭਾਉਣ ਦੇ ਰਾਹ ਤੋਰਿਆ ਹੈ। ਭਗਵੰਤ ਮਾਨ ਨੇ ਨਵੇਂ ਪੰਜਾਬ ਦੇ ਨਕਸ਼ ਘੜਨ ਲਈ ਲੋਕਾਂ ਖਾਸ ਤੌਰ ਉਤੇ ਪਰਵਾਸੀ ਭਾਰਤੀਆਂ ਤੋਂ ਸਹਿਯੋਗ ਮੰਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਦਫ਼ਾ ਅਜਿਹੀ ਸਰਕਾਰ ਬਣੀ, ਜਿਹੜੀ ਖਾਸ ਤੌਰ ਉਤੇ ਸੂਬੇ ਦੇ ਲੋਕਾਂ ਨਾਲ ਸਬੰਧਤ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਨਾ ਤਾਂ ਬਾਦਲ ਦੀ ਹੈ ਅਤੇ ਨਾ ਹੀ ਕੈਪਟਨ ਦੀ, ਇਹ ਸਰਕਾਰ ਹਰੇਕ ਪੰਜਾਬੀ ਦੀ ਹੈ। ਭਗਵੰਤ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਆਸਾਂ ਮੁਤਾ-ਬਕ ਸੂਬੇ ਦੀ ਭਲਾਈ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਜਲਦੀ ਹੀ ਪੰਜਾਬ ਨਵਾਂ, ਅਗਾਂਹਵਧੂ ਤੇ ਗਤੀਸ਼ੀਲ ਸੂਬਾ ਬਣੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਸਾਲ ਦੌਰਾਨ ਪੰਜਾਬ ਵਿਆਪਕ ਵਿਕਾਸ ਦਾ ਗਵਾਹ ਬਣਿਆ ਹੈ ਅਤੇ ਦੂਜੇ ਸਾਲ ਵਿੱਚ ਵੀ ਵਿਕਾਸ ਤੇ ਤਰੱਕੀ ਉਤੇ ਵੱਧ ਜ਼ੋਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਵਿਕਾਸ ਲਈ ਸਨਅਤਾਂ ਨੂੰ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਪੰਜਾਬ ਅਗਲੇ ਦਿਨਾਂ ਵਿੱਚ ਸਨਅਤੀ ਗੜ੍ਹ ਵਜੋਂ ਉੱਭਰੇਗਾ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਜੜ੍ਹ ਵੱਢਣ ਲਈ ਆਗਾਮੀ ਦਿਨਾਂ ਵਿੱਚ ਵਿਆਪਕ ਮੁਹਿੰਮ ਵਿੱਢੀ ਜਾਵੇਗੀ।

ਪਿਛਲੇ ਇਕ ਸਾਲ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੀਆਂ ਕਈ ਲੋਕ-ਪੱਖੀ ਪਹਿਲਕਦਮੀਆਂ ਗਿਣਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਹਿਜਰਤ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਪਿਛਲੇ ਇਕ ਸਾਲ ਵਿੱਚ ਹੁਣ ਤੱਕ 26,797 ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਸਮੁੱਚੀ ਭਰਤੀ ਪ੍ਰਕਿਰਿਆ ਵਿੱਚ ਇਕੋ-ਇਕ ਮਾਪਦੰਡ ਯੋਗਤਾ ਰੱਖਿਆ ਗਿਆ ਹੈ ਅਤੇ ਇਹ ਪੂਰੀ ਪ੍ਰਕਿਰਿਆ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹੀ ਜਾ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸਿਰਫ਼ ਇਕ ਸਾਲ ਵਿੱਚ ਹੀ ਇੰਨੀ ਵੱਡੀ ਗਿਣਤੀ ਵਿੱਚ ਨੌਕਰੀਆਂ ਦੇਣ ਤੋਂ ਸੂਬਾ ਸਰਕਾਰ ਦੀ ਰੋਜ਼ਗਾਰ ਦੇ ਮੌਕੇ ਮੁਹੱਈਆ ਕਰ ਕੇ ਨੌਜਵਾਨਾਂ ਦੀ ਭਲਾਈ ਯਕੀਨੀ ਬਣਾਉਣ ਦੀ ਵਚਨਬੱਧਤਾ ਝਲਕਦੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲੀ ਜੁਲਾਈ ਤੋਂ ਹਰੇਕ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਗਰੰਟੀ ਪੂਰੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਮਾਣ ਵਾਲੀ ਗੱਲ ਹੈ ਕਿ ਨਵੰਬਰ-ਦਸੰਬਰ 2022 ਵਿੱਚ ਸੂਬੇ ਦੇ 87 ਫੀਸਦੀ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆਇਆ। ਭਗਵੰਤ ਮਾਨ ਨੇ ਕਿਹਾ ਕਿ ਉਹ ਆਮ ਪਰਿਵਾਰ ਨਾਲ ਸਬੰਧਤ ਹਨ ਅਤੇ ਉਹ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਤੋਂ ਭਲੀ-ਭਾਂਤ ਜਾਣੂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 14 ਹਜ਼ਾਰ ਆਰਜ਼ੀ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਹੈ ਅਤੇ ਕੈਬਨਿਟ ਨੇ ਇੰਨੀ ਗਿਣਤੀ ਵਿੱਚ ਹੀ ਹੋਰ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੀ ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਨੂੰ ਕਣਕ ਤੇ ਝੋਨੇ ਦੇ ਫ਼ਸਲੀ ਚੱਕਰ ਵਿੱਚੋਂ ਕੱਢਣ ਤੇ ਧਰਤੀ ਹੇਠਲਾ ਪਾਣੀ ਬਚਾਉਣ ਲਈ ਮੂੰਗੀ ਨੂੰ ਤੀਜੀ ਫ਼ਸਲ ਵਜੋਂ ਉਤਸ਼ਾਹਤ ਕੀਤਾ ਹੈ। ਭਗਵੰਤ ਮਾਨ ਨੇ ਕਿਹਾ ਕਿ ਮੂੰਗੀ ਦੀ 7275 ਰੁਪਏ ਦੇ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ ਉਤੇ ਖਰੀਦ ਕੀਤੀ ਗਈ ਹੈ, ਜਿਸ ਨਾਲ ਕਿਸਾਨਾਂ ਨੂੰ 30 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਵਾਧੂ ਆਮਦਨ ਹੋਈ ਹੈ।

# ਕੋਲਡ ਸਟੋਰੇਜ ਹਾਦਸੇ 'ਚ ਦੋ ਮੌਤਾਂ, ਕਈ ਅਜੇ ਵੀ ਮਲਬੇ ਹੇਠ ਦੱਬੇ



ਉੱਤਰ ਪ੍ਰਦੇਸ਼, 16 ਮਾਰਚ (ਪੋਸਟ ਬਿਊਰੋ): ਪ੍ਰਦੇਸ਼ ਦੇ ਸੰਭਲ ਵਿੱਚ ਸ਼ੁੱਕਰਵਾਰ ਨੂੰ ਇੱਕ ਵੱਡਾ ਹਾਦਸਾ ਵਾਪਰਿਆ। ਇੱਥੇ ਚੰਦੌਸੀ ਵਿੱਚ ਇੱਕ ਕੋਲਡ ਸਟੋਰੇਜ਼ ਢਹਿ ਗਿਆ। ਜਿਸ ਦੇ ਮਲਬੇ ਵਿੱਚ ਕਈ ਮਜ਼ਦੂਰ ਫਸ ਗਏ। ਸੂਚਨਾ ਮਿਲਦੇ ਹੀ ਪੁਲਸ ਅਤੇ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਬਚਾਅ ਮੁਹਿੰਮ ਚਲਾਉਂਦੇ ਹੋਏ ਕੁਝ ਲੋਕਾਂ ਨੂੰ ਬਾਹਰ ਕੱਢ ਲਿਆ ਗਿਆ ਹੈ, ਜਦਕਿ 20-25 ਲੋਕ ਅਜੇ ਵੀ ਅੰਦਰ ਫਸੇ ਦੱਸੇ ਜਾ ਰਹੇ ਹਨ। ਖ਼ਬਰ ਲਿਖੇ ਜਾਣ ਤੱਕ ਬਚਾਅ ਟੀਮ ਨੇ ਦੋ ਮਜ਼ਦੂਰਾਂ ਦੀਆਂ ਲਾਸ਼ਾਂ ਨੂੰ ਬਾਹਰ ਕੱਢ ਲਿਆ। ਬਚਾਅ ਕਾਰਜ ਜਾਰੀ ਹੈ।

ਦੱਸਿਆ ਜਾ ਰਿਹਾ ਹੈ ਕਿ ਕੋਲਡ ਸਟੋਰੇਜ ਉਵਰਲੋਡ ਸੀ। ਜਿਸ ਕਾਰਨ ਆਲੂ ਦੀਆਂ ਬੋਰੀਆਂ ਅਚਾਨਕ ਡਿੱਗ ਪਈਆਂ। ਜਿਸ ਕਾਰਨ ਕੰਧ ਟੁੱਟ ਗਈ ਅਤੇ ਪੂਰੀ ਇਮਾਰਤ ਢਹਿ ਗਈ। ਹਾਦਸੇ ਤੋਂ ਬਾਅਦ ਮੌਕੇ 'ਤੇ ਹਾਹਾਕਾਰ ਮੱਚ ਗਈ। ਪੁਲਸ-ਪ੍ਰਸ਼ਾਸਨ ਨੂੰ ਘਟਨਾ ਦੀ ਸੂਚਨਾ ਦਿੱਤੀ ਗਈ। ਮੌਕੇ 'ਤੇ ਵੱਡੀ ਗਿਣਤੀ 'ਚ ਫੋਰਸ ਪਹੁੰਚ ਗਈ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ। ਇਸ ਦੇ ਨਾਲ ਹੀ ਐਨਡੀਆਰਐਫ ਅਤੇ ਐਸਡੀਆਰਐਫ ਦੀਆਂ ਟੀਮਾਂ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ।

ਜਾਣਕਾਰੀ ਦਿੰਦੇ ਹੋਏ ਪੁਲਿਸ ਡਿਪਟੀ ਇੰਸਪੈਕਟਰ ਜਨਰਲ ਸਲਭ ਮਾਥੁਰ ਨੇ ਦੱਸਿਆ ਕਿ ਸ਼ਾਮ ਤੱਕ 10 ਲੋਕਾਂ ਨੂੰ ਬਚਾ ਲਿਆ ਗਿਆ ਸੀ। ਬਚਾਅ ਕਰਮਚਾਰੀ ਅਜੇ ਵੀ ਦੂਜਿਆਂ ਨੂੰ ਸੁਰੱਖਿਅਤ ਬਚਾਉਣ ਲਈ ਕੰਮ ਕਰ ਰਹੇ ਹਨ। ਦੂਜੇ ਪਾਸੇ ਜ਼ਿਲ੍ਹਾ ਮੈਜਿਸਟਰੇਟ ਮਨੀਸ਼ ਬਾਂਸਲ ਨੇ ਦੱਸਿਆ ਕਿ ਐਨਡੀਆਰਐਫ, ਐਸਡੀਆਰਐਫ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਕਰਮਚਾਰੀ ਰਾਹਤ ਅਤੇ ਬਚਾਅ ਕਾਰਜ ਚਲਾ ਰਹੇ ਹਨ। ਡੀਆਈਜੀ ਨੇ ਦੱਸਿਆ ਕਿ ਮ੍ਰਿਤਕਾਂ ਦੇ ਵੇਰਵੇ ਇਕੱਠੇ ਕੀਤੇ ਜਾ ਰਹੇ ਹਨ।

## ਫੌਜ ਦਾ ਚੀਤਾ ਹੈਲੀਕਾਪਟਰ ਹਾਦਸਾਗ੍ਰਸਤ, ਦੋਵੇਂ ਪਾਇਲਟਾਂ ਦੀ ਮੌਤ

ਅਰੁਣਾਚਲ ਪ੍ਰਦੇਸ਼, 16 ਮਾਰਚ (ਪੋਸਟ ਬਿਊਰੋ): ਅਰੁਣਾਚਲ ਪ੍ਰਦੇਸ਼ ਦੇ ਬੋਮਡਿਲਾ 'ਚ ਵੀਰਵਾਰ ਨੂੰ ਫੌਜ ਦਾ ਚੀਤਾ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ। ਪੱਛਮੀ ਕਾਮੇਂਗ ਜ਼ਿਲ੍ਹੇ ਦੇ ਐਸਪੀ ਬੀਆਰ ਬੋਮਰੇਡੀ ਨੇ ਦੱਸਿਆ ਕਿ ਹੈਲੀਕਾਪਟਰ ਹਾਦਸੇ ਵਿੱਚ ਦੋਵੇਂ ਪਾਇਲਟਾਂ ਦੀ ਮੌਤ ਹੋ ਗਈ ਹੈ। ਮਾਰੇ ਗਏ ਪਾਇਲਟਾਂ ਦੀ ਪਛਾਣ ਲੈਫਟੀਨੈਂਟ ਕਰਨਲ ਵੀਵੀਬੀ ਰੈੱਡੀ ਅਤੇ ਮੇਜਰ ਜਯੰਤ ਏ ਵਜੋਂ ਹੋਈ ਹੈ, ਮ੍ਰਿਤਕਾਂ ਦੀਆਂ ਲਾਸ਼ਾਂ ਹਾਦਸੇ ਵਾਲੀ ਥਾਂ ਤੋਂ ਬਰਾਮਦ ਕਰ ਲਈਆਂ ਗਈਆਂ ਹਨ। ਦੋਵਾਂ ਦੀਆਂ ਲਾਸ਼ਾਂ ਨੂੰ ਨੇੜੇ ਦੇ ਹਸਪਤਾਲ ਲਿਆਂਦਾ ਜਾ ਰਿਹਾ ਹੈ, ਜਿੱਥੇ ਅੰਤਿਮ ਕਾਰਵਾਈ ਕੀਤੀ ਜਾਵੇਗੀ। ਲਾਸ਼ਾਂ ਸ਼ਾਮ 4 ਵਜੇ ਦੇ ਕਰੀਬ ਮਿਲੀਆਂ। ਫੌਜ ਨੇ ਜਾਂਚ ਦੇ ਹੁਕਮ ਦਿੱਤੇ ਹਨ।



ਪਿਛਲੇ ਸਾਲ ਅਕਤੂਬਰ ਵਿੱਚ ਵੀ ਤਵਾਂਗ ਇਲਾਕੇ ਵਿੱਚ ਫੌਜ ਦਾ ਇੱਕ ਚੀਤਾ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ ਸੀ, ਜਿਸ ਵਿੱਚ ਇਲਾਜ ਦੌਰਾਨ ਇੱਕ ਪਾਇਲਟ ਦੀ ਮੌਤ ਹੋ ਗਈ ਸੀ। ਰੱਖਿਆ ਬੁਲਾਰੇ ਲੈਫਟੀਨੈਂਟ ਕਰਨਲ ਮਹੇਂਦਰ ਰਾਵਤ ਨੇ ਦੱਸਿਆ ਕਿ ਵੀਰਵਾਰ ਸਵੇਰੇ ਕਰੀਬ 9:15 ਵਜੇ ਅਰੁਣਾਚਲ ਪ੍ਰਦੇਸ਼ ਦੇ ਬੋਮਡਿਲਾ ਨੇੜੇ ਇੱਕ ਸੰਚਾਲਨ ਕਾਰਵਾਈ ਦੌਰਾਨ ਆਰਮੀ ਏਵੀਏਸ਼ਨ ਦੇ ਇੱਕ ਚੀਤਾ ਹੈਲੀਕਾਪਟਰ ਦਾ ਏਟੀਸੀ ਨਾਲ ਸੰਪਰਕ ਟੁੱਟਣ ਦੀ ਸੂਚਨਾ ਮਿਲੀ। ਬਾਅਦ ਵਿਚ ਪਤਾ ਲੱਗਾ ਕਿ ਹੈਲੀਕਾਪਟਰ ਬੋਮਡਿਲਾ ਦੇ ਪੱਛਮ ਵਿਚ ਮੰਡਲਾ ਨੇੜੇ ਕਰੈਸ਼ ਹੋ ਗਿਆ। ਪਿਛਲੇ ਸਾਲ 5 ਅਕਤੂਬਰ ਨੂੰ ਅਰੁਣਾਚਲ ਪ੍ਰਦੇਸ਼ ਦੇ ਤਵਾਂਗ 'ਚ ਫੌਜ ਦਾ ਚੀਤਾ ਹੈਲੀਕਾਪਟਰ ਰੁਟੀਨ ਸਵਾਰੀ ਦੌਰਾਨ ਹਾਦਸਾਗ੍ਰਸਤ ਹੋ ਗਿਆ ਸੀ। ਇਸ ਹਾਦਸੇ 'ਚ ਫੌਜ ਦੇ ਦੋ ਪਾਇਲਟ ਜ਼ਖਮੀ ਹੋ ਗਏ, ਜਿਨ੍ਹਾਂ 'ਚੋਂ ਇਕ ਨੇ ਇਲਾਜ ਦੌਰਾਨ ਦਮ ਤੋੜ ਦਿੱਤਾ ਸੀ।

## ਮਹਾਰਾਸ਼ਟਰ ਦੇ ਪ੍ਰਦਰਸ਼ਨਕਾਰੀ ਕਿਸਾਨਾਂ ਦੀਆਂ ਮੀਂਹ ਨੇ ਵਧਾਈਆਂ ਮੁਸ਼ਕਿਲਾਂ, ਖੁਦ ਨੂੰ ਪਲਾਸਟਿਕ ਦੀਆਂ ਸ਼ੀਟਾਂ ਹੇਠ ਲੁਕਾਉਂਦੇ ਨਜ਼ਰ ਆਏ

ਮੁੰਬਈ, 16 ਮਾਰਚ (ਪੋਸਟ ਬਿਊਰੋ):ਆਪਣੀਆਂ ਮੰਗਾਂ ਨੂੰ ਲੈ ਕੇ ਮੁੰਬਈ ਵੱਲ ਮਾਰਚ ਕਰ ਰਹੇ ਕਿਸਾਨਾਂ ਨੂੰ ਮੀਂਹ ਨੇ ਬੇਸ਼ੱਕ ਕੁਝ ਰਾਹਤ ਦਿੱਤੀ ਹੈ, ਪਰ ਅੱਜ ਰਾਤ ਉਹ ਸ਼ਾਇਦ ਹੀ ਸੌਂ ਸਕਣਗੇ। ਇਸ ਦਾ ਕਾਰਨ ਇਹ ਹੈ ਕਿ ਜਿੱਥੇ ਉਹ ਰੁਕੇ ਹਨ, ਉਹ ਜ਼ਮੀਨ ਗਿੱਲੀ ਅਤੇ ਚਿੱਕੜ ਵਾਲੀ ਹੋ ਗਈ ਹੈ। ਠਾਣੇ ਦੇ ਵਾਸਿੰਦ ਸੜਕ ਕਿਨਾਰੇ ਵਿਜ਼ੂਅਲ ਵਿੱਚ, ਕਿਸਾਨਾਂ ਨੂੰ ਭਾਰੀ ਬਾਰਸ਼ ਦੇ ਦੌਰਾਨ ਕਾਰਾਂ ਅਤੇ ਟਰੱਕਾਂ ਨਾਲ ਜੁੜੀਆਂ ਪਲਾਸਟਿਕ ਦੀਆਂ ਚਾਦਰਾਂ ਦੇ ਹੇਠਾਂ ਲੁਕੇ ਹੋਏ ਦੇਖਿਆ ਜਾ ਸਕਦਾ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਕੀਮਤਾਂ ਵਿੱਚ ਭਾਰੀ ਗਿਰਾਵਟ ਤੋਂ ਬਾਅਦ, ਨਾਸਿਕ ਦੇ ਪਿਆਜ਼ ਕਿਸਾਨਾਂ ਨੇ ਆਪਣੀਆਂ ਮੰਗਾਂ ਵੱਲ ਸਰਕਾਰ ਦਾ ਧਿਆਨ ਖਿੱਚਣ ਲਈ 200 ਕਿਲੋਮੀਟਰ ਦੀ ਯਾਤਰਾ ਸ਼ੁਰੂ ਕੀਤੀ ਹੈ। ਇਨ੍ਹਾਂ ਕਿਸਾਨਾਂ ਦੀਆਂ ਮੁੱਖ ਮੰਗਾਂ ਵਿੱਚ ਪਿਆਜ਼ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 600 ਰੁਪਏ ਪ੍ਰਤੀ ਕੁਇੰਟਲ ਦੀ ਫੌਰੀ ਵਿੱਤੀ ਰਾਹਤ, 12 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣਾ ਅਤੇ ਖੇਤੀਬਾੜੀ ਲਈ ਜ਼ਰੂਰੀ ਮੰਗਾਂ ਸ਼ਾਮਲ ਹਨ।



ਹਜ਼ਾਰਾਂ ਕਿਸਾਨਾਂ ਅਤੇ ਆਦਿਵਾਸੀਆਂ ਦੇ ਮੁੰਬਈ ਵੱਲ ਮਾਰਚ ਕਰਨ ਦੇ ਵਿਚਕਾਰ, ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੇ ਵੀਰਵਾਰ ਨੂੰ ਕਿਹਾ ਕਿ ਅੰਦੋਲਨਕਾਰੀਆਂ ਦੇ ਪ੍ਰਤੀਨਿਧੀਆਂ ਨਾਲ ਉਨ੍ਹਾਂ ਦੀ ਮੀਟਿੰਗ ਸਕਾਰਾਤਮਕ ਰਹੀ ਅਤੇ ਸਰਕਾਰ ਇਸ ਮੁੱਦੇ 'ਤੇ ਬਿਆਨ ਦੇਵੇਗੀ। ਚਾਰ ਦਿਨ ਪਹਿਲਾਂ ਨਾਸਿਕ ਜ਼ਿਲ੍ਹੇ ਤੋਂ ਸ਼ੁਰੂ ਹੋਇਆ ਇਹ ਮਾਰਚ ਮੁੰਬਈ ਦੇ ਗੁਆਂਢੀ ਜ਼ਿਲ੍ਹੇ ਠਾਣੇ ਵਿੱਚ ਦਾਖ਼ਲ ਹੋ ਗਿਆ ਹੈ। ਮੁੱਖ ਮੰਤਰੀ ਏਕਨਾਥ ਸ਼ਿੰਦੇ ਅਤੇ ਉਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਇੱਥੇ ਕਿਸਾਨ ਆਗੂਆਂ ਦੇ ਵਫ਼ਦ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੇ ਬਾਅਦ ਵਿੱਚ ਪੱਤਰਕਾਰਾਂ ਨੂੰ ਕਿਹਾ, "ਵਿਸਤ੍ਰਿਤ ਚਰਚਾ ਹੋਈ ਅਤੇ ਇਹ ਸਕਾਰਾਤਮਕ ਰਹੀ। ਇਸ 'ਤੇ (ਸ਼ੁੱਕਰਵਾਰ ਨੂੰ) ਵਿਧਾਨ ਸਭਾ 'ਚ ਬਿਆਨ ਦਿੱਤਾ ਜਾਵੇਗਾ।

## ਬਾਗੇਸ਼ਵਰ 'ਚ ਬੰਦ ਘਰ 'ਚੋਂ ਮਿਲੀਆਂ ਮਾਂ ਤੇ 3 ਬੱਚਿਆਂ ਦੀਆਂ ਲਾਸ਼ਾਂ, ਖੁਦਕੁਸ਼ੀ ਦਾ ਖਦਸ਼ਾ

ਬਾਗੇਸ਼ਵਰ, 16 ਮਾਰਚ (ਪੋਸਟ ਬਿਊਰੋ): ਉੱਤਰਾਖੰਡ ਦੇ ਬਾਗੇਸ਼ਵਰ 'ਚ ਜ਼ਿਲਾ ਹੈੱਡਕੁਆਰਟਰ ਨੇੜੇ ਜੋਸ਼ੀਗਾਓ 'ਚ ਇਕ ਘਰ 'ਚੋਂ ਇਕ ਔਰਤ ਅਤੇ ਉਸ ਦੇ ਤਿੰਨ ਬੱਚਿਆਂ ਦੀਆਂ ਸੜੀਆਂ ਹੋਈਆਂ ਲਾਸ਼ਾਂ ਬਰਾਮਦ ਹੋਈਆਂ ਹਨ। ਮਰਨ ਵਾਲਿਆਂ ਵਿੱਚ ਇੱਕ 5-6 ਮਹੀਨੇ ਦਾ ਬੱਚਾ ਵੀ ਹੈ। ਇਸ ਘਟਨਾ ਨਾਲ ਪੂਰੇ ਇਲਾਕੇ 'ਚ ਸਨਸਨੀ ਫੈਲ ਗਈ। ਇੱਥੇ ਘਰ ਦੇ ਦਰਵਾਜ਼ੇ ਅੰਦਰੋਂ ਬੰਦ ਹੋਣ ਦੇ ਆਧਾਰ 'ਤੇ ਪੁਲਿਸ ਇਸ ਮਾਮਲੇ ਨੂੰ ਖ਼ੁਦਕੁਸ਼ੀ ਮੰਨ ਰਹੀ ਹੈ। ਬੱਚਿਆਂ ਦਾ ਪਿਤਾ ਫਰਾਰ ਦੱਸਿਆ ਜਾ ਰਿਹਾ ਹੈ।

ਜਾਣਕਾਰੀ ਮੁਤਾਬਕ ਵੀਰਵਾਰ ਸ਼ਾਮ ਕਰੀਬ 7 ਵਜੇ ਪੁਲਸ ਨੂੰ ਜ਼ਿਲਾ ਹੈੱਡਕੁਆਰਟਰ ਤੋਂ ਸਾਢੇ ਚਾਰ ਕਿਲੋਮੀਟਰ ਦੂਰ ਜੋਸ਼ੀਗਾਓਂ 'ਚ ਇਕ ਘਰ 'ਚੋਂ ਬਦਬੂ ਆਉਣ ਅਤੇ ਦਰਵਾਜ਼ੇ ਅੰਦਰੋਂ ਬੰਦ ਹੋਣ ਦੀ ਸੂਚਨਾ ਮਿਲੀ। ਐਸਪੀ ਹਿਮਾਂਸ਼ੂ ਕੁਮਾਰ ਵਰਮਾ, ਐਸਡੀਐਮ ਹਰ ਗਿਰੀ, ਸੀਓ ਅੰਕਿਤ ਕੰਡਾਰੀ, ਕੋਤਵਾਲ ਕੈਲਾਸ਼ ਸਿੰਘ ਨੇਗੀ ਟੀਮ ਨਾਲ ਮੌਕੇ 'ਤੇ ਪੁੱਜੇ। ਘਰ ਦੇ ਦੋਵੇਂ ਦਰਵਾਜ਼ੇ ਅੰਦਰੋਂ ਬੰਦ ਸਨ। ਪੁਲਿਸ ਘਰ ਦੇ ਦਰਵਾਜ਼ੇ ਤੋੜ ਕੇ ਅੰਦਰ ਪਹੁੰਚੀ। ਕਮਰੇ ਵਿੱਚ ਇੱਕ ਔਰਤ, ਇੱਕ ਲੜਕੀ ਅਤੇ ਦੋ ਲੜਕਿਆਂ ਦੀਆਂ ਲਾਸ਼ਾਂ ਪਈਆਂ ਸਨ। ਲਾਸ਼ਾਂ 'ਚੋਂ ਬਦਬੂ ਆ ਰਹੀ ਸੀ।

ਡਿਪਟੀ ਕਲੈਕਟਰ ਨੇ ਦੱਸਿਆ ਕਿ ਸਥਾਨਕ ਲੋਕਾਂ ਤੋਂ ਸੂਚਨਾ ਮਿਲੀ ਸੀ ਕਿ ਇੱਕ ਘਰ ਦੇ ਨੇੜੇ ਬਹੁਤ ਜ਼ਿਆਦਾ ਬਦਬੂ ਆ ਰਹੀ ਹੈ ਅਤੇ ਘਰ ਵਿੱਚ ਕੋਈ ਘਟਨਾ ਵਾਪਰਨ ਦੀ ਸੰਭਾਵਨਾ ਹੈ। ਕਮਰੇ ਦਾ ਦਰਵਾਜ਼ਾ ਤੋੜ ਕੇ ਲਾਸ਼ਾਂ ਬਰਾਮਦ ਹੋਈ। ਲਾਸ਼ਾਂ ਦੇ ਪੋਸਟਮਾਰਟਮ ਤੋਂ ਬਾਅਦ ਹੀ ਸਹੀ ਜਾਣਕਾਰੀ ਮਿਲ ਸਕੇਗੀ।

## ਸ਼੍ਰੀਲੰਕਾ ਵਿੱਚ ਹੜਤਾਲ ਨੂੰ ਮੁਅੱਤਲ ਕਰਨ ਵਿੱਚ ਸਫਲ ਰਹੀ ਰਾਨਿਲ ਵਿਕਰਮਸਿੰਘੇ ਸਰਕਾਰ

ਕੋਲੰਬੋ, 16 ਮਾਰਚ (ਪੋਸਟ ਬਿਊਰੋ): ਅਜਿਹਾ ਲੱਗਦਾ ਹੈ ਕਿ ਸ੍ਰੀਲੰਕਾ ਦੀ ਰਾਨਿਲ ਵਿਕਰਮਸਿੰਘੇ ਸਰਕਾਰ ਵੱਖ-ਵੱਖ ਸੈਕਟਰਾਂ ਦੇ ਮੁਲਾਜ਼ਮਾਂ ਦੀ ਸਾਂਝੀ ਹੜਤਾਲ ਨੂੰ ਫਿਲਹਾਲ ਮੁਲਤਵੀ ਕਰਵਾਉਣ ਵਿੱਚ ਕਾਮਯਾਬ ਹੋ ਗਈ ਹੈ। ਇਹ ਹੜਤਾਲ ਮੰਗਲਵਾਰ ਅੱਧੀ ਰਾਤ ਤੋਂ ਸ਼ੁਰੂ ਹੋਈ ਸੀ। ਹੜਤਾਲ ਦਾ ਅਸਰ ਬੁੱਧਵਾਰ ਸਵੇਰੇ ਦਿਖਣਾ ਸ਼ੁਰੂ ਹੋ ਗਿਆ। ਪਰ ਸ਼ਾਮ ਨੂੰ, ਰਾਸ਼ਟਰਪਤੀ ਦਫਤਰ ਦੇ ਮੀਡੀਆ ਡਿਵੀਜ਼ਨ ਨੇ ਇੱਕ ਬਿਆਨ ਵਿੱਚ ਮੰਨਿਆ ਕਿ ਹੜਤਾਲ ਨੇ ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਵਿਘਨ ਪਾਇਆ ਹੈ, ਪਰ ਦਾਅਵਾ ਕੀਤਾ ਕਿ ਕਈ ਟਰੇਡ ਯੂਨੀਅਨਾਂ ਨੇ ਹੜਤਾਲ ਨੂੰ ਵਾਪਸ ਲੈ ਲਿਆ ਹੈ।



ਹੜਤਾਲ ਦਾ ਸੱਦਾ 50 ਤੋਂ ਵੱਧ ਟਰੇਡ ਯੂਨੀਅਨਾਂ ਨੇ ਮਿਲ ਕੇ ਦਿੱਤਾ ਸੀ। ਰਾਸ਼ਟਰਪਤੀ ਦੇ ਦਫਤਰ ਦਾ ਦਾਅਵਾ ਹੈ ਕਿ ਉਨ੍ਹਾਂ ਵਿੱਚੋਂ 40 ਤੋਂ ਵੱਧ ਕੰਮ 'ਤੇ ਵਾਪਸ ਆਉਣ ਲਈ ਸਹਿਮਤ ਹੋ ਗਏ ਹਨ। ਅੰਤਰਰਾਸ਼ਟਰੀ ਮੁਦਰਾ ਫੰਡ ਦੁਆਰਾ ਲਾਜ਼ਮੀ ਤੌਰ 'ਤੇ ਆਮਦਨ ਕਰ ਦੀਆਂ ਵਧੀਆਂ ਦਰਾਂ ਅਤੇ ਬਿਜਲੀ ਵਰਗੀਆਂ ਸੇਵਾਵਾਂ ਲਈ ਵਧੇ ਹੋਏ ਖਰਚਿਆਂ ਦੇ ਵਿਰੋਧ ਵਿੱਚ ਟਰੇਡ ਯੂਨੀਅਨਾਂ ਸ਼੍ਰੀਲੰਕਾ ਵਿੱਚ ਹੜਤਾਲ 'ਤੇ ਗਈਆਂ ਹਨ। ਸ੍ਰੀਲੰਕਾ ਵਿੱਚ ਆਮਦਨ ਕਰ ਦੀ ਘੱਟੋ-ਘੱਟ ਦਰ ਨੂੰ ਵਧਾ ਕੇ 36 ਫੀਸਦੀ ਕਰ ਦਿੱਤਾ ਗਿਆ ਹੈ।

ਭਾਵੇਂ ਰਾਸ਼ਟਰਪਤੀ ਦਫ਼ਤਰ ਨੇ ਦਾਅਵਾ ਕੀਤਾ ਹੈ ਕਿ ਹੜਤਾਲੀ ਟਰੇਡ ਯੂਨੀਅਨਾਂ ਵਿੱਚ ਫੁੱਟ ਪੈ ਗਈ ਹੈ ਪਰ ਕਈ ਟਰੇਡ ਯੂਨੀਅਨਾਂ ਦਾ ਦਾਅਵਾ ਹੈ ਕਿ ਹੜਤਾਲ ਪੂਰੀ ਤਰ੍ਹਾਂ ਸਫ਼ਲ ਰਹੀ ਹੈ। ਸ਼੍ਰੀਲੰਕਾ ਟੀਚਰਜ਼ ਯੂਨੀਅਨ ਦੇ ਜਨਰਲ ਸਕੱਤਰ ਜੋਸੇਫ ਸਟਾਲਿਨ ਨੇ ਕਿਹਾ, 'ਜਿਥੋਂ ਤੱਕ ਅਧਿਆਪਕਾਂ ਦਾ ਸਵਾਲ ਹੈ, ਉਨ੍ਹਾਂ 'ਚੋਂ 100 ਫੀਸਦੀ ਹੜਤਾਲ 'ਚ ਸ਼ਾਮਲ ਹਨ। ਇਸ ਕਾਰਨ ਸਕੂਲਾਂ ਵਿੱਚ ਕੰਮਕਾਜ ਪੂਰੀ ਤਰ੍ਹਾਂ ਠੱਪ ਹੋ ਕੇ ਰਹਿ ਗਿਆ ਹੈ। ਜੇਕਰ ਸਰਕਾਰ ਨੇ ਸਾਡੀ ਮੰਗ ਨਾ ਮੰਨੀ ਤਾਂ ਅਸੀਂ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਸਖ਼ਤ ਐਕਸ਼ਨ ਲਵਾਂਗੇ।

## ਲਾਹੌਰ ਹਾਈਕੋਰਟ ਨੇ ਇਮਰਾਨ ਖਾਨ ਦੀ ਪੀਟੀਆਈ ਪਾਰਟੀ ਨੂੰ ਰੈਲੀ ਕਰਨ ਤੋਂ ਰੋਕਿਆ

ਲਾਹੌਰ, 16 ਮਾਰਚ (ਪੋਸਟ ਬਿਊਰੋ): ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੇ ਸਮਰਥਕਾਂ ਅਤੇ ਸੁਰੱਖਿਆ ਕਰਮੀਆਂ ਵਿਚਕਾਰ ਲਾਹੌਰ ਵਿੱਚ ਹਾਲ ਹੀ ਵਿੱਚ ਹੋਈ ਝੜਪ ਨੇ ਦੁਨੀਆ ਭਰ ਵਿੱਚ ਪਾਕਿ-ਸਤਾਨ ਦੀ ਅਕਸ ਨੂੰ ਖਰਾਬ ਕੀਤਾ ਹੈ, ਨੂੰ ਧਿਆਨ ਵਿੱਚ ਰੱਖਦੇ ਹੋਏ, ਹਾਈਕੋਰਟ ਨੇ ਵੀਰਵਾਰ ਨੂੰ ਪਾਕਿ-ਸਤਾਨ ਤਹਿਰੀਕ-ਏ-ਇਨਸਾਫ ਪਾਰਟੀ ਨੂੰ ਇੱਥੇ ਮੀਨਾਰ -ਏ-ਪਾਕਿਸਤਾਨ ਵਿੱਚ ਰੈਲੀ ਦਾ ਆਯੋਜਨ ਕਰਨ ਤੋਂ ਰੋਕ ਦਿੱਤਾ। ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਪਾਰਟੀ ਦੇ ਮੁਖੀ ਖਾਨ ਨੇ ਮੰਗਲਵਾਰ ਨੂੰ ਐਲਾਨ ਕੀਤਾ ਸੀ ਕਿ ਉਹ ਪੰਜਾਬ ਸੂਬੇ ਵਿਚ ਆਪਣੀ ਪਾਰਟੀ ਦੀ ਚੋਣ ਮੁਹਿੰਮ ਦੇ ਹਿੱਸੇ ਵਜੋਂ 19 ਮਾਰਚ ਨੂੰ ਰਾਸ਼ਟਰੀ ਚਿੰਨ੍ਹ ਮੀਨਾਰ-ਏ-ਪਾਕਿਸਤਾਨ ਦੇ ਸਾਹਮਣੇ ਮਾਰਚ ਕਰਨਗੇ। ਮਗਰੋਂ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕੀਤਾ। ਲਾਹੌਰ ਹਾਈ ਕੋਰਟ ਦੇ ਜਸਟਿਸ ਤਾਰਿਕ ਸਲੀਮ ਸ਼ੇਖ ਨੇ ਸੁਣਵਾਈ ਦੀ ਪ੍ਰਧਾਨਗੀ ਕੀਤੀ ਅਤੇ ਕਿਹਾ ਕਿ ਸੂਬਾਈ ਰਾਜਧਾਨੀ ਦੀ ਮੌਜੂਦਾ ਸਥਿਤੀ ਨੇ "ਦੁਨੀਆ ਭਰ ਵਿੱਚ ਪਾਕਿਸਤਾਨ ਦੇ ਅਕਸ ਨੂੰ ਖਰਾਬ ਕੀਤਾ ਹੈ"।

ਰਿਪੋਰਟ ਮੁਤਾਬਿਕ ਜਸਟਿਸ ਸ਼ੇਖ ਨੇ ਹੁਕਮ ਦਿੱਤਾ ਕਿ ਅਧਿਕਾਰੀਆਂ ਨੂੰ ਰੈਲੀ ਬਾਰੇ ਘੱਟੋ-ਘੱਟ 15 ਦਿਨ ਪਹਿਲਾਂ ਸੂਚਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਜ਼ਰੂਰੀ ਸੁਰੱਖਿਆ ਪ੍ਰਬੰਧ ਕੀਤੇ ਜਾ ਸਕਣ।

Grand Upholstery Ltd
Sofa Company Originality in Every Piece
Special on Sale
• ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
• ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
• ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
• ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

Dr. Randhawa Dentistry
Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
• ਸੀਨੀਅਰ ਡਿਸਕਾਊਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
Gore Rd
DENTISTRY
Squire Ellis Dr
Countryside Dr

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
Hwy 7/ Churchill Rd/Tanners Dr
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।
Mclaughlin Rd & Steeles Ave
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਊਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ
Wanless /Queen Mary /Mclaughlin
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।
Chinguacousy & Bovaird
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT




OURR HOME & APPLIANCES
HURRY UP
LIMITED TIME OFFER
DEALS LIKE NEVER BEFORE
OURR PRICES ARE THE BEST
BEST DEALS ON LUXURY KITCHEN APPLIANCES
WE CARRY ALL MAJOR BRANDS
UNBOXED UNITS & NEW IN BOX UNITS AVAILABLE
100% CUSTOMER SATISFACTION
DELIVERY AVAILABLE *CONDITIONS APPLY
PRICE BEAT GUARANTEE *CONDITIONS APPLY
USE THE PROMO CODE TO GET DISCOUNT
PROMO CODE - (COURR-2302FLYER)
WE ARE AN AUTHORIZED DEALER FOR ALL MAJOR BRANDS!
UNIT #1, 241 CLARENCE ST, BRAMPTON, ON L6W 3E7 (416) 551 3343
44 FASKEN DR. #2-10 ETOBICKOKE, ON M9W 5M8 (416) 702-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM




afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017